ਧਨਾਸਰੀ ਮਹਲਾ ੧ ॥ ਚੋਰੁ ਸਲਾਹੇ ਚੀਤੁ ਨ ਭੀਜੈ ॥ ਜੇ ਬਦੀ ਕਰੇ ਤਾ ਤਸੂ ਨ ਛੀਜੈ ॥ ਚੋਰ ਕੀ ਹਾਮਾ ਭਰੇ ਨ ਕੋਇ ॥ ਚੋਰੁ ਕੀਆ ਚੰਗਾ ਕਿਉ ਹੋਇ ॥੧॥ ਸੁਣਿ ਮਨ ਅੰਧੇ ਕੁਤੇ ਕੂੜਿਆਰ ॥ ਬਿਨੁ ਬੋਲੇ ਬੂਝੀਐ ਸਚਿਆਰ ॥ ੧॥ ਰਹਾਉ ॥ ਚੋਰੁ ਸੁਆਲਿਉ ਚੋਰੁ ਸਿਆਣਾ ॥ ਖੋਟੇ ਕਾ ਮੁਲੁ ਏਕੁ ਦੁਗਾਣਾ ॥ ਜੇ ਸਾਥਿ ਰਖੀਐ ਦੀਜੈ ਰਲਾਇ ॥ ਜਾ ਪਰਖੀਐ ਖੋਟਾ ਹੋਇ ਜਾਇ ॥ ੨॥ ਜੈਸਾ ਕਰੇ ਸੁ ਤੈਸਾ ਪਾਵੈ ॥ ਆਪਿ ਬੀਜਿ ਆਪੇ ਹੀ ਖਾਵੈ ॥ ਜੇ ਵਡਿਆਈਆ ਆਪੇ ਖਾਇ ॥ ਜੇਹੀ ਸੁਰਤਿ ਤੇਹੈ ਰਾਹਿ ਜਾਇ ॥੩॥ ਜੇ ਸਉ ਕੂੜੀਆ ਕੂੜੁ ਕਬਾੜੁ ॥ ਭਾਵੈ ਸਭੁ ਆਖਉ ਸੰਸਾਰੁ ॥ ਤੁਧੁ ਭਾਵੈ ਅਧੀ ਪਰਵਾਣੁ ॥ ਨਾਨਕ ਜਾਣੈ ਜਾਣੁ ਸੁਜਾਣੁ ॥੪॥੪॥੬॥ {ਪੰਨਾ 662}

ਪਦਅਰਥ:- ਸਲਾਹੇ—ਸਿਫ਼ਤ ਕਰੇ, ਖ਼ੁਸ਼ਾਮਦ ਕਰੇ। ਭੀਜੈ—ਭਿੱਜਦਾ, ਪਤੀਜਦਾ। ਬਦੀ—ਬੁਰਿਆਈ, ਨਿੰਦਿਆ। ਤਸੂ—ਰਤਾ ਭੀ। ਛੀਜੈ—ਛਿੱਜਦਾ, ਕਮਜ਼ੋਰ ਹੁੰਦਾ, ਘਾਬਰਦਾ। ਹਾਮਾ—ਹਮਾਇਤ, ਜ਼ਾਮਨੀ {ਹਾਮਾ ਭਰਨੀ—ਜ਼ਾਮਨ ਬਣਨਾ, ਕਿਸੇ ਦੇ ਚੰਗੇ ਹੋਣ ਬਾਰੇ ਤਸੱਲੀ ਭਰਿਆ ਬਚਨ ਆਖਣਾ}। ਕੀਆ—ਕੀਤਾ ਗਿਆ, ਬਣਾਇਆ ਗਿਆ। ਕਿਉ ਹੋਇ—ਨਹੀਂ ਹੋ ਸਕਦਾ।1।

ਮਨ—ਹੇ ਮਨ! ਕੁਤੇ—ਕੁੱਤੇ ਵਾਂਗ ਲਾਲਚੀ। ਕੂੜਿਆਰ—ਹੇ ਝੂਠੇ! ਬੂਝੀਐ—ਪਛਾਣਿਆ ਜਾਂਦਾ ਹੈ। ਸਚਿਆਰ—ਸੱਚਾ ਮਨੁੱਖ।1। ਰਹਾਉ।

ਸੁਆਲਿਉ—ਸੋਹਣਾ। ਦੁਗਾਣਾ—ਦੋ ਗੰਢੇ ਕੌਡੀਆਂ ਦੇ।2।

ਬੀਜਿ—ਬੀਜ ਕੇ। ਆਪੇ—ਆਪ ਹੀ। ਖਾਇ—ਕਸਮਾਂ ਖਾਏ, ਸਹੁੰਆਂ ਚੁੱਕੇ। ਵਡਿਆਈਆ—ਗੁਣ। ਤੇਹੈ ਰਾਹਿ—ਉਹੋ ਜਿਹੇ ਰਾਹ ਤੇ। ਜਾਇ—ਜਾਂਦਾ ਹੈ। ਸੁਰਤਿ—ਭਾਵਨਾ, ਮਨ ਦੀ ਵਾਸਨਾ।3।

ਕੂੜੀਆ—ਝੂਠੀਆਂ ਗੱਲਾਂ। ਕੂੜੁ—ਝੂਠ। ਕਬਾੜੁ—ਕੂੜਾ ਕਰਕਟ, ਟੁੱਟਾ-ਭੱਜਾ ਮਾਲ, ਵਿਅਰਥ ਕੰਮ। ਭਾਵੈ ਆਖਉ—ਬੇਸ਼ੱਕ ਪਿਆ ਆਖੇ। ਤੁਧੁ ਭਾਵੈ—ਹੇ ਪ੍ਰਭੂ! ਤੈਨੂੰ ਪਸੰਦ ਆ ਜਾਏ। ਅਧੀ—{ਧੀ-ਅਕਲ} ਅਕਲ-ਹੀਨ ਮਨੁੱਖ, ਸਿੱਧੜ। ਜਾਣੁ—ਜਾਨਣਹਾਰ ਪ੍ਰਭੂ। ਸੁਜਾਣੁ—ਸਿਆਣਾ।4।

ਅਰਥ:- ਜੇ ਕੋਈ ਚੋਰ (ਉਸ ਹਾਕਮ ਦੀ ਜਿਸ ਦੇ ਸਾਹਮਣੇ ਉਸ ਦਾ ਮੁਕੱਦਮਾ ਪੇਸ਼ ਹੈ) ਖ਼ੁਸ਼ਾਮਦ ਕਰੇ ਤਾਂ ਉਸ ਨੂੰ (ਇਹ) ਯਕੀਨ ਨਹੀਂ ਬਣ ਸਕਦਾ (ਕਿ ਇਹ ਸੱਚਾ ਹੈ), ਜੇ ਉਹ ਚੋਰ (ਹਾਕਮ ਦੀ) ਬਦ-ਖ਼ੋਈ ਕਰੇ ਤਾਂ ਭੀ ਉਹ ਰਤਾ ਭਰ ਨਹੀਂ ਘਾਬਰਦਾ। ਕੋਈ ਭੀ ਮਨੁੱਖ ਕਿਸੇ ਚੋਰ ਦੇ ਚੰਗੇ ਹੋਣ ਦੀ ਗਵਾਹੀ ਨਹੀਂ ਦੇ ਸਕਦਾ। ਜੇਹੜਾ ਮਨੁੱਖ (ਲੋਕਾਂ ਦੀਆਂ ਨਜ਼ਰਾਂ ਵਿਚ) ਚੋਰ ਮੰਨਿਆ ਗਿਆ, ਉਹ (ਖ਼ੁਸ਼ਾਮਦਾਂ ਜਾਂ ਬਦ-ਖ਼ੋਈਆਂ ਨਾਲ ਹੋਰਨਾਂ ਦੇ ਸਾਹਮਣੇ) ਚੰਗਾ ਨਹੀਂ ਬਣ ਸਕਦਾ।1।

ਹੇ ਅੰਨ੍ਹੇ ਲਾਲਚੀ ਤੇ ਝੂਠੇ ਮਨ! (ਧਿਆਨ ਨਾਲ) ਸੁਣ। ਸੱਚਾ ਮਨੁੱਖ ਬਿਨਾ ਬੋਲਿਆਂ ਹੀ ਪਛਾਣਿਆ ਜਾਂਦਾ ਹੈ।1। ਰਹਾਉ।

ਚੋਰ ਪਿਆ ਸੋਹਣਾ ਬਣੇ ਚਤੁਰ ਬਣੇ (ਪਰ ਆਖ਼ਰ ਉਹ ਚੋਰ ਹੀ ਹੈ ਉਸ ਦੀ ਕਦਰ ਕੀਮਤ ਨਹੀਂ ਪੈਂਦੀ, ਜਿਵੇਂ) ਖੋਟੇ ਰੁਪਏ ਦਾ ਮੁੱਲ ਦੋ ਗੰਢੇ ਕੌਡਾਂ ਹੀ ਹੈ। ਜੇ ਖੋਟੇ ਰੁਪਏ ਨੂੰ (ਖਰਿਆਂ ਵਿਚ) ਰੱਖ ਦੇਈਏ, (ਖਰਿਆਂ ਵਿਚ) ਰਲਾ ਦੇਈਏ, ਤਾਂ ਭੀ ਜਦੋਂ ਉਸ ਦੀ ਪਰਖ ਹੁੰਦੀ ਹੈ ਤਦੋਂ ਉਹ ਖੋਟਾ ਹੀ ਕਿਹਾ ਜਾਂਦਾ ਹੈ।2।

ਮਨੁੱਖ ਜੈਸਾ ਕੰਮ ਕਰਦਾ ਹੈ ਵੈਸਾ ਹੀ ਉਸ ਦਾ ਫਲ ਪਾਂਦਾ ਹੈ। ਹਰ ਕੋਈ ਆਪ (ਕਰਮਾਂ ਦੇ ਬੀਜ) ਬੀਜ ਕੇ ਆਪ ਹੀ ਫਲ ਖਾਂਦਾ ਹੈ। ਜੇ ਕੋਈ ਮਨੁੱਖ (ਹੋਵੇ ਤਾਂ ਖੋਟਾ, ਪਰ) ਆਪਣੀਆਂ ਵਡਿਆਈਆਂ ਦੀਆਂ ਕਸਮਾਂ ਚੁੱਕੀ ਜਾਏ (ਉਸ ਦਾ ਇਤਬਾਰ ਨਹੀਂ ਬਣ ਸਕਦਾ, ਕਿਉਂਕਿ) ਮਨੁੱਖ ਦੀ ਜਿਹੋ ਜਿਹੀ ਮਨੋ-ਵਾਸਨਾ ਹੈ ਉਹੋ ਜਿਹੇ ਰਸਤੇ ਉਤੇ

ਹੀ ਉਹ ਤੁਰਦਾ ਹੈ।3।

(ਆਪਣਾ ਇਤਬਾਰ ਜਮਾਣ ਲਈ ਚਲਾਕ ਬਣ ਕੇ) ਭਾਵੇਂ ਸਾਰੇ ਸੰਸਾਰ ਨੂੰ ਝੂਠੀਆਂ ਗੱਲਾਂ ਤੇ ਗੱਪਾਂ ਆਖੀ ਜਾਏ (ਪਰ, ਹੇ ਪ੍ਰਭੂ! ਕੋਈ ਮਨੁੱਖ ਤੈਨੂੰ ਧੋਖਾ ਨਹੀਂ ਦੇ ਸਕਦਾ)। (ਹੇ ਪ੍ਰਭੂ! ਜੇ ਦਿਲ ਦਾ ਖਰਾ ਹੋਵੇ ਤਾਂ) ਇਕ ਸਿੱਧੜ ਮਨੁੱਖ ਭੀ ਤੈਨੂੰ ਪਸੰਦ ਆ ਜਾਂਦਾ ਹੈ, ਤੇਰੇ ਦਰ ਤੇ ਕਬੂਲ ਹੋ ਜਾਂਦਾ ਹੈ।

ਹੇ ਨਾਨਕ! ਘਟ ਘਟ ਦੀ ਜਾਣਨ ਵਾਲਾ ਸੁਜਾਨ ਪ੍ਰਭੂ (ਸਭ ਕੁਝ) ਜਾਣਦਾ ਹੈ।4।3।6।